# ਦਫਤਰ ਨਗਰ ਨਿਗਮ ਫਗਵਾੜਾ
## OFFICE OF THE MUNICIPAL CORPORATION PHAGWARA

TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com

ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 2563 ਮਿਤੀ: 23/8/23

**ਵਿਸ਼ਾ:-** **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ :22/08/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 64, ਮਿਤੀ 22/08/2023 ਦੀ ਨਕਲ ਆਪ ਜੀ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਸੁਪਰਡੰਟ (ਅਜੰਡਾ),
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 2564-2567 **ਮਿਤੀ:** 23/8/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ(ਅਜੰਡਾ),
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 - Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ 22/08/2023 ਨੂੰ ਡਾ. ਨਯਨ ਪੀ.ਸੀ.ਐਸ. ਕਮਿਸ਼ਨਰ, ਨਗਰ ਨਿਗਮ, ਫਗਵਾੜਾ ਵੱਲੋ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 64<br>22/08/2023 | ਰਿਪੋਰਟ ਵੱਲੋ ਨਿਗਰਾਨ ਇੰਜੀਨੀਅਰ, ਨਗਰ ਨਿਗਮ, ਫਗਵਾੜਾ ਕਿ ਰਿਜੈਂਸੀ ਟਾਊਨ ਪਾਰਕ ਵਿਖੇ ਨਵਾਂ ਟਿਊਬਵੈਲ ਲਗਾਇਆ ਗਿਆ ਹੈ। ਪਾਣੀ ਦੀ ਸਮੱਸਿਆ ਨੂੰ ਮੁੱਖ ਰੱਖਦੇ ਹੋਏ ਲੋਕ ਹਿੱਤ ਵਿੱਚ ਟਿਊਬਵੈਲ ਨੂੰ ਚਲਾਉਣ ਲਈ ਬਿਜਲੀ ਦਾ 3/ਫੇਸ ਨਵਾਂ ਕੁਨੈਕਸ਼ਨ ਲਿਆ ਜਾਣਾ ਹੈ। ਜਿਸਦਾ ਕੁੱਲ ਲੋਡ 30.300 ਕਿਲੋਵਾਟ ਬਣਦਾ ਹੈ। ਇਸ ਕੁਨੈਕਸ਼ਨ ਨੂੰ ਲਗਵਾਉਣ ਲਈ ਆਉਣ ਵਾਲੇ ਖਰਚੇ ਦਾ ਸਹਾ: ਕਾਰਜਕਾਰੀ ਇੰਜੀਨੀਅਰ (ਕਮਰਸ਼ੀਅਲ), ਪੀ.ਐਸ.ਪੀ.ਸੀ.ਐਲ. ਜੀ ਪਾਸੋ ਔਸਤਨ ਐਸਟੀਮੇਟ ਲਿਆ ਗਿਆ ਹੈ। ਜਿਸ ਮੁਤਾਬਕ ਇਸ ਕੰਮ ਨੂੰ ਕਰਵਾਉਣ ਵਿੱਚ ਲਗਭਗ 2.50 ਲੱਖ ਰੁਪਏ ਦਾ ਖਰਚ ਆਉਣ ਦੀ ਸੰਭਾਵਨਾ ਹੈ। ਉਕਤ ਕੰਮ ਨੂੰ ਕਰਵਾਉਣ ਲਈ ਹਾਊਸ ਦੀ ਪ੍ਰਵਾਨਗੀ ਲੋੜੀਂਦੀ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਉਕਤ ਕੰਮ ਨੂੰ ਕਰਵਾਉਣ ਲਈ ਮਤਾ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ ਜੀ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਸੁਪਰਡੰਟ ਅਜੰਡਾ
ਨਗਰ ਨਿਗਮ, ਫਗਵਾੜਾ